# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 18-03-2024**

ਰਾਸ਼ਟਰੀ ਪ੍ਰੀਖਿਆ ਏਜੰਸੀ ਪਹਿਲਾਂ ਐਲਾਨ ਕੀਤੇ ਅਨੁਸਾਰ ਹੀ 15 ਤੋਂ 31 ਮਈ ਦੇ ਵਿਚਕਾਰ CUET-UG ਪ੍ਰੀਖਿਆ ਕਰਵਾਏਗੀ। ਯੂਨੀਵਰਸਿਟੀ ਗਰਾਂਟਸ ਕਮਿਸ਼ਨ ਦੇ ਚੇਅਰਪਰਸਨ ਐਮ. ਜਗਦੀਸ਼ ਕੁਮਾਰ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ 26 ਮਾਰਚ ਨੂੰ ਅਰਜ਼ੀਆਂ ਭਰਨ ਦੀ ਆਖਰੀ ਤਰੀਕ ਤੋਂ ਬਾਅਦ, CUET-UG ਲਈ ਰਜਿਸਟਰਡ ਵਿਦਿਆਰਥੀਆਂ ਦੀ ਗਿਣਤੀ ਅਤੇ ਉਨ੍ਹਾਂ ਦੀ ਭੂਗੋਲਿਕ ਵੰਡ ਦਾ ਪਤਾ ਲੱਗ ਜਾਵੇਗਾ। ਉਨ੍ਹਾਂ ਕਿਹਾ ਕਿ ਇਨਾਂ ਅੰਕੜਿਆਂ ਅਤੇ ਚੋਣਾਂ ਦੀਆਂ ਤਰੀਕਾਂ ਦੇ ਆਧਾਰ 'ਤੇ, ਏਜੰਸੀ 15 ਤੋਂ 31 ਮਈ ਦੇ ਵਿਚਕਾਰ CUET-UG ਪ੍ਰੀਖਿਆ ਲਈ ਡੇਟ ਸ਼ੀਟ ਦਾ ਐਲਾਨ ਕਰੇਗੀ।

---------------------------------------------------

ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਸੱਤਵੇਂ ਅਤੇ ਆਖਰੀ ਪੜਾਅ ਵਿੱਚ ਪਹਿਲੀ ਜੂਨ ਨੂੰ ਵੋਟਾਂ ਪੈਣਗੀਆਂ। ਬੀਤੇ ਪਹਿਲੀ ਮਾਰਚ ਤੱਕ ਸੂਬੇ

ਵਿੱਚ ਵੋਟਰਾਂ ਦੀ ਕੁੱਲ ਗਿਣਤੀ 2 ਕਰੋੜ 12 ਲੱਖ 71 ਹਜ਼ਾਰ ਤੋਂ ਵੱਧ ਏ।

-----------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਚੋਣ ਅਫਸਰ ਹਰਪ੍ਰੀਤ ਸਿੰਘ ਸੂਦਨ ਨੇ ਜਿਲ੍ਹੇ ਦੇ ਵੱਖ-ਵੱਖ ਪ੍ਰਿੰਟਿੰਗ ਪ੍ਰੈਸ ਮਾਲਕਾਂ ਨਾਲ ਇਕ ਮੀਟਿੰਗ ਕਰਕੇ ਉਹਨਾਂ ਨੂੰ ਚੋਣਾਂ ਦੌਰਾਨ ਛਪਣ ਵਾਲੇ ਪੋਸਟਰ ਤੇ ਬੈਨਰ ਸਬੰਧੀ ਸਰਕਾਰੀ ਹਦਾਇਤਾਂ ਤੋਂ ਜਾਣੂੰ ਕਰਵਾਇਆ । ਉਨਾਂ ਕਿਹਾ ਕਿ ਹਰੇਕ ਪ੍ਰਿੰਟਿੰਗ ਪ੍ਰੈਸ ਲਈ ਚੋਣਾਂ ਸਬੰਧੀ ਛਪਣ ਵਾਲੀ ਸਮੱਗਰੀ ਤੇ ਪ੍ਰਿੰਟਰ ਅਤੇ ਪਬਲਿਸ਼ਰ ਦਾ ਨਾਮ ਛਾਪਣਾ ਲਾਜ਼ਮੀ ਹੋਵੇਗਾ । ਮੈਰਿਜ ਪੈਲਸ ਮਾਲਕਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਹਦਾਇਤ ਕੀਤੀ ਕਿ ਮੈਰਿਜ ਪੈਲਸਾਂ ਵਿੱਚ ਚੋਣ ਜਾਬਤੇ ਦੀ ਉਲੰਘਣਾ ਦੀ ਕੋਈ ਕਾਰਵਾਈ ਨਾ ਹੋਵੇ । ਉਨਾਂ ਆਬਕਾਰੀ ਵਿਭਾਗ ਦੇ ਅਧਿਕਾਰੀਆਂ ਦੇ ਨਾਲ ਨਾਲ ਸ਼ਰਾਬ ਕਾਰੋਬਾਰੀਆਂ ਨਾਲ ਵੀ ਮੀਟਿੰਗ ਕੀਤੀ ਅਤੇ ਹਦਾਇਤ ਕੀਤੀ ਕਿ ਚੋਣਾਂ ਵਿੱਚ ਸ਼ਰਾਬ ਜਾਂ ਨਸ਼ਿਆਂ ਦੀ ਵਰਤੋਂ ਨੂੰ ਸਖਤੀ ਨਾਲ ਰੋਕਿਆ ਜਾਵੇ । ਏਧਰ ਫਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਮੈਜਿਸਟਰੇਟ ਪਰਨੀਤ ਸ਼ੇਰਗਿੱਲ ਨੇ ਜ਼ਾਬਤਾ ਫੌਜਦਾਰੀ ਦੀ ਦਫ਼ਾ 144 ਤਹਿਤ ਜਿਲ੍ਹੇ ਵਿੱਚ ਅਮਨ ਕਾਨੂੰਨ ਦੀ ਸਥਿਤੀ ਕਾਇਮ ਰੱਖਣ ਅਤੇ ਚੋਣਾਂ ਸਮੁੱਚੇ ਢੰਗ ਨਾਲ ਨੇਪਰੇ ਚਾੜਨ

ਲਈ ਅਸਲਾ ਧਾਰਕਾਂ ਨੂੰ 22 ਮਾਰਚ ਸ਼ਾਮ 5 ਵਜੇ ਤੱਕ ਅਸਲੇ ਨੂੰ ਜਮ੍ਹਾਂ ਕਰਵਾਉਣ ਲਈ ਹੁਕਮ ਜਾਰੀ ਕੀਤੇ ਨੇ। ਉਨਾਂ ਦੱਸਿਆ ਕਿ ਜ਼ਿਲੇ ਦੇ ਲਾਇਸੰਸੀ ਅਸਲਾ ਧਾਰਕ ਆਪਣਾ ਅਸਲਾ ਸਥਾਨਕ ਥਾਣੇ ਵਿੱਚ ਜਾਂ ਲਾਇਸੰਸੀ ਅਸਲਾ ਡੀਲਰਾਂ ਕੋਲ ਹਰ ਹਾਲਤ ਵਿੱਚ ਜਮ੍ਹਾਂ ਕਰਵਾਉਣ।

---------------------------------------------------------

ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ, ਜਿਲ੍ਹਾ ਮੁਹਾਲੀ ਦੇ ਪਿਛਲੀਆਂ ਚੋਣਾਂ ਵਿਚ ਘੱਟ ਵੋਟਰ ਪ੍ਰਤੀਸ਼ਤ ਖੇਤਰਾ ਦੀ ਪਛਾਣ ਕਰਕੇ, ਜਿਲਾ ਚੋਣ ਅਫਸਰ ਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਵਿਚ ਲਗਾਤਾਰ ਸਵੀਪ ਗਤੀਵਿਧੀਆਂ ਉਲੀਕੀਆਂ ਜਾ ਰਹੀਆਂ ਨੇ। ਸਵੀਪ ਦੇ ਜਿਲ੍ਹਾ ਨੋਡਲ ਅਫਸਰ ਪ੍ਰੋਫੈਸਰ ਗੁਰਬਖਸ਼ੀਸ਼ ਸਿੰਘ ਅਨਟਾਲ ਵੱਲੋਂ ਸ਼ੋਸ਼ਲ ਲਾਈਫ ਹੈਲਪ ਐਂਡ ਕੇਅਲ ਫਾਊਂਡੇਸ਼ਨ ਦੇ ਸਹਿਯੋਗ ਨਾਲ ਮੈਟਰੋ ਟਰੇਡ ਸੈਂਟਰ ਵੀ. ਆਈ. ਪੀ. ਰੋਡ ਜੀਰਕਪੁਰ ਵਿਖੇ ਵੋਟਰ ਪੰਜੀਕਰਣ ਅਤੇ ਵੋਟਰ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦੌਰਾਨ 129 ਨਵੇਂ ਵੋਟਰਾਂ ਨੂੰ ਰਜਿਸਟਰਡ ਕੀਤਾ ਗਿਆ । ਪ੍ਰੋਫੈਸਰ ਅਨਟਾਲ ਨੇ ਵੋਟਰ ਹੈਲਪਲਾਈਨ

ਐਪ, ਦਿਵਿਆਂਗਜਨਾ  ਲਈ ਸ਼ਕਸ਼ਮ ਐਪ ਅਤੇ ਜਾਗਰੂਕ ਅਤੇ ਸਤਰਕ ਵੋਟਰਾਂ ਲਈ ਸੀ ਵੀਜਲ ਐਪ ਬਾਰੇ ਜਾਣਕਾਰੀ ਦਿੱਤੀ। ਇਸ ਉਪਰਾਲੇ ਲਈ ਇਲਾਕਾ ਨਿਵਾਸੀਆਂ ਨੇ ਜਿਲ੍ਹਾ ਪ੍ਰਸ਼ਾਸ਼ਨ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿਵਾਇਆ ਕਿ ਇਲਾਕੇ ਦੇ ਸਾਰੇ ਵੋਟਰਾਂ ਦੀ ਵੋਟ ਯਕੀਨੀ ਪਵਾਈ ਜਾਵੇਗੀ ਅਤੇ ਬਤੌਰ ਵਲੰਟੀਅਰ ਚੋਣ ਅਮਲੇ ਨੂੰ ਸਹਿਯੋਗ ਵੀ ਦਿੱਤਾ ਜਾਵੇਗਾ।

---------------------------------------------------------------

ਲੋਕ ਸਭਾ ਚੋਣਾਂ 2024 ਲਈ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ, ਪੰਜਾਬ ਟੈਕਸੇਸ਼ਨ ਵਿਭਾਗ ਨੇ ਸੜਕਾਂ ਦੇ ਨਿਰੀਖਣ ਵਿੱਚ ਕੀਤੇ ਵਾਧੇ ਦੇ ਮੱਦੇਨਜ਼ਰ, ਪਟਿਆਲਾ ਵਿਖੇ ਇੱਕ ਨਿੱਜੀ ਵਾਹਨ ਰਾਹੀਂ ਟੈਕਸ ਚੋਰੀ ਕਰਕੇ ਲਿਜਾਏ ਜਾ ਰਹੇ ਕਰੀਬ 5 ਕਰੋੜ ਰੁਪਏ ਦੇ ਸੋਨੇ ਅਤੇ ਹੀਰਿਆਂ ਦੇ ਗਹਿਣੇ ਜ਼ਬਤ ਕੀਤੇ ਨੇ । ਕਰ ਵਿਭਾਗ ਦੇ ਵਧੀਕ ਕਮਿਸ਼ਨਰ ਜੀਵਨ ਜੋਤ ਕੌਰ ਨੇ ਦੱਸਿਆ ਕਿ ਵਿਭਾਗ ਦੀ ਇਕ ਟੀਮ ਨੂੰ ਬਠਿੰਡਾ ਤੋਂ ਚੰਡੀਗੜ੍ਹ ਜਾਣ ਲਈ ਇਕ ਕਾਰ ਵਿੱਚ ਵੱਡੀ ਮਾਤਰਾ ਵਿੱਚ ਕੀਮਤੀ ਧਾਤਾਂ ਦੀ ਢੋਆ-ਢੁਆਈ ਬਾਰੇ ਖੁਫੀਆ ਜਾਣਕਾਰੀ ਪ੍ਰਾਪਤ ਹੋਈ ਸੀ, ਇਸ ਗੱਡੀ ਦਾ ਵਿਆਪਕ ਪਿੱਛਾ ਕਰਨ ਤੋਂ ਬਾਅਦ, ਵਾਹਨ

ਨੂੰ 16 ਮਾਰਚ ਦੀ ਲੰਘੀ ਰਾਤ ਟੋਲ ਪਲਾਜ਼ਾ ਕਾਲਾਝਾਰ ਭਵਾਨੀਗੜ੍ਹ-ਪਟਿਆਲਾ ਰੋਡ ਨੇੜੇ ਕਾਬੂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸੋਨੇ ਤੇ ਹੀਰਿਆਂ ਦਾ ਮੁਲਾਂਕਣ ਪੂਰਾ ਹੋਣ ਤੋਂ ਬਾਅਦ, ਸਬੰਧਤ ਫਰਮ ਨੂੰ ਟੈਕਸ ਚੋਰੀ ਲਈ ਭਾਰੀ ਜੁਰਮਾਨਾ ਭਰਨਾ ਪਵੇਗਾ।

--------------------------------------------------------

ਜ਼ਿਲਾ ਜਲੰਧਰ ਦੇ ਸਾਬਕਾ ਫੌਜੀਆਂ ਦੀ ਇੱਕ ਜਾਗਰੂਕਤਾ ਮੀਟਿੰਗ ਪਿੰਡ ਲਾਲੇਵਾਲੀ ਵਿੱਚ ਹੋਈ। ਬਹੁ ਮੰਤਵੀ ਸਮਾਜ ਸੇਵੀ ਸੰਸਥਾ ਦਿਸ਼ਾਦੀਪ ਦੇ ਸੰਸਥਾਪਕ ਲਾਇਨ SM ਸਿੰਘ ਨੂੰ ਨੇਤਰ ਦਾਨ - ਮਹਾ ਦਾਨ ਵਿਸ਼ੇ ਤੇ ਜਾਣਕਾਰੀ ਦੇਂਦਿਆਂ ਕਿਹਾ ਕਿ ਦੇਸ਼ ਵਿੱਚ ਅੱਖਾਂ ਦਾਨ ਕਰਨ ਸਬੰਧੀ ਜਾਗਰੂਕਤਾ ਅਤੇ ਰੁਝਾਨ ਹੁਣ ਵੱਧ ਰਿਹਾ ਏ। ਉਨਾਂ ਕਿਹਾ ਕਿ ਅਪੁਸ਼ਟ ਅੰਕੜਿਆਂ ਮੁਤਾਬਕ 15 ਲੱਖ ਤੋਂ ਵੱਧ ਕਾਰਨੀਆ ਅੰਨੇਪਣ ਦੇ ਸ਼ਿਕਾਰ ਵਿਅਕਤੀ ਨੇ ਅਤੇ ਕਿਸੇ ਦੇ ਮਰਨ ਮਗਰੋਂ ਦਾਨ ਕੀਤੀਆਂ ਅੱਖਾਂ ਦਾ ਕਾਰਨੀਆ ਲਗਾ ਕੇ ਇਨਾਂ ਨੂੰ ਇਸ ਦੁਨੀਆ ਦੇ ਚਾਨਣ ਨੂੰ ਵੇਖਣ ਦਾ ਅਮੁੱਲ ਤੋਹਫ਼ਾ ਅਤੇ ਮੌਕਾ ਦਿੱਤਾ ਜਾ ਸਕਦਾ ਏ।